# ਮੁਸਲਿਮ ਵਰਲਡ ਲੀਗ ਦੇ ਸਕੱਤਰ ਜਨਰਲ ਨੇ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ

12 ਜੁਲਾਈ, 2023

ਮੁਸਲਿਮ ਵਰਲਡ ਲੀਗ ਦੇ ਸਕੱਤਰ ਜਨਰਲ ਡਾਕਟਰ ਮੁਹੰਮਦ ਬਿਨ ਅਬਦੁਲਕਰੀਮ ਅਲ-ਇਸਾ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ।

ਡਾ: ਅਲ-ਇਸਾ ਦੀ ਪਹਿਲੀ ਭਾਰਤੀ ਸਰਕਾਰੀ ਫੇਰੀ 'ਤੇ ਸਵਾਗਤ ਕਰਦੇ ਹੋਏ, ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਸਹਿਣਸ਼ੀਲ ਕਦਰਾਂ-ਕੀਮਤਾਂ, ਸੰਜਮ ਭਰੀ ਚੇਤਨਾ ਅਤੇ ਅੰਤਰ-ਧਰਮ ਸੰਵਾਦ ਨੂੰ ਉਤਸ਼ਾਹਿਤ ਕਰਨ ਵਿੱਚ ਮੁਸਲਿਮ ਵਰਲਡ ਲੀਗ ਦੀ ਭੂਮਿਕਾ ਅਤੇ ਉਦੇਸ਼ਾਂ ਦੀ ਸ਼ਲਾਘਾ ਕਰਦਾ ਹੈ। ਉਹਨਾਂ ਕਿਹਾ ਕਿ ਭਾਰਤ, ਇੱਕ ਬਹੁ-ਸੱਭਿਆਚਾਰਕ, ਬਹੁ-ਭਾਸ਼ਾਈ, ਬਹੁ-ਜਾਤੀ ਅਤੇ ਬਹੁ-ਧਾਰਮਿਕ ਸਮਾਜ ਦੇ ਤੌਰ 'ਤੇ ਅਨੇਕਤਾ ਵਿੱਚ ਏਕਤਾ ਦਾ ਜਸ਼ਨ ਮਨਾਉਂਦਾ ਹੈ। ਸਾਡੇ 200 ਮਿਲੀਅਨ ਤੋਂ ਵੱਧ ਭਾਰਤੀ ਮੁਸਲਿਮ ਭੈਣ-ਭਰਾ ਸਾਨੂੰ ਦੁਨੀਆ ਵਿੱਚ ਦੂਜੀ ਸਭ ਤੋਂ ਵੱਡੀ ਮੁਸਲਿਮ ਆਬਾਦੀ ਵਾਲਾ ਦੇਸ਼ ਬਣਾਉਂਦੇ ਹਨ।

ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਸਾਊਦੀ ਅਰਬ ਨਾਲ ਆਪਣੇ ਸਬੰਧਾਂ ਨੂੰ ਖ਼ਾਸ ਮਹੱਤਵ ਦਿੰਦਾ ਹੈ। ਦੋਵਾਂ ਦੇਸ਼ਾਂ ਦਰਮਿਆਨ ਵਪਾਰਕ ਅਤੇ ਲੋਕਾਂ ਨਾਲ ਲੋਕਾਂ ਦੇ ਸਬੰਧਾਂ ਤਹਿਤ ਡੂੰਘੇ ਦੋਸਤਾਨਾ ਰਿਸ਼ਤਿਆਂ ਦਾ ਇੱਕ ਲੰਮਾ ਇਤਿਹਾਸ ਹੈ। ਉਹਨਾਂ ਨੇ ਅੱਗੇ ਕਿਹਾ ਕਿ ਸਾਡੇ ਦੋਵਾਂ ਦੇਸ਼ਾਂ ਕੋਲ ਦੁਨੀਆ ਨਾਲ ਸਾਂਝਾ ਕਰਨ ਲਈ ਬਹੁਤ ਸਾਰੀਆਂ ਕੀਮਤੀ ਸਿੱਖਿਆਵਾਂ ਹਨ।

ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਅਤੇ ਸਾਊਦੀ ਅਰਬ ਦੋਵੇਂ ਹੀ ਹਰ ਤਰ੍ਹਾਂ ਦੇ ਅੱਤਵਾਦ ਦੀ ਨਿੰਦਾ ਕਰਦੇ ਹਨ ਅਤੇ ਅੱਤਵਾਦ ਖਿਲਾਫ 'ਜ਼ੀਰੋ ਟੋਲਰੈਂਸ' ਦਾ ਸੱਦਾ ਦਿੰਦੇ ਹਨ। ਦੋਵਾਂ ਨੇਤਾਵਾਂ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਕਿ ਅੱਤਵਾਦ ਅਤੇ ਹਿੰਸਕ ਕੱਟੜਪੰਥ ਦਾ ਮੁਕਾਬਲਾ ਕਰਨ ਲਈ ਪੂਰਨ ਪਹੁੰਚ ਅਪਣਾਉਣ ਦੀ ਲੋੜ ਹੈ ਅਤੇ ਇਹ ਵੀ ਕਿ ਇਹ ਉਦਾਰ ਵਿਚਾਰਾਂ ਵਾਲੇ ਸਕੂਲਾਂ ਨਾਲ ਜੁੜ ਕੇ ਹੀ ਸੰਭਵ ਹੈ। ਰਾਸ਼ਟਰਪਤੀ ਨੇ ਕੱਟੜਵਾਦ, ਅੱਤਵਾਦ ਅਤੇ ਹਿੰਸਾ ਖਿਲਾਫ ਡਾਕਟਰ ਅਲ-ਇਸਾ ਦੇ ਸਟੈਂਡ ਦੀ ਸ਼ਲਾਘਾ ਕੀਤੀ। ਉਹਨਾਂ ਨੇ ਭਰੋਸਾ ਪ੍ਰਗਟਾਇਆ ਕਿ ਉਹਨਾਂ ਦੀ ਭਾਰਤ ਫੇਰੀ ਮੁਸਲਿਮ ਵਰਲਡ ਲੀਗ ਦੇ ਸਹਿਯੋਗ ਲਈ ਹੋਰ ਵਸੀਲੇ ਉਪਲੱਬਧ ਕਰਵਾਏਗੀ।

**ਨਵੀਂ ਦਿੱਲੀ**
**12 ਜੁਲਾਈ, 2023**